# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-10-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਕਲੀ ਦਵਾਈਆਂ ਅਤੇ ਗੁੰਮਰਾਹਕੁੰਨ ਇਸ਼ਤਿਹਾਰਾਂ ਦਾ ਪ੍ਰਚਾਰ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਦਾ ਸੱਦਾ ਦਿੱਤਾ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਝੋਨੇ ਦੀ ਨਿਰਵਿਘਨ ਖ਼ਰੀਦ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਨੂੰ ਮੰਡੀਆਂ ਦਾ ਨਿਰੰਤਰ ਦੌਰਾ ਕਰਨ ਦੇ ਨਿਰਦੇਸ਼ ਦਿੱਤੇ ।
- ਪੰਜਾਬ ਪੁਲਿਸ ਵਲੋਂ ਵੱਖ-ਵੱਖ ਜ਼ਿਲਿਆਂ ਵਿਚ ਕਾਸੋ ਤਲਾਸ਼ੀ ਮੁਹਿੰਮ ਚਲਾਈ ਗਈ ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 3 ਨਸ਼ਾ ਤਸਕਰਾਂ ਨੂੰ 5 ਕਿਲੋ ਹੈਰੋਇਨ ਅਤੇ ਡਰੱਗ ਮਨੀ ਸਮੇਤ ਕਾਬੂ ਕੀਤਾ ।

-------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ, ਦੇਸ਼ ਭਰ ਵਿੱਚ ਰਵਾਇਤੀ ਦਵਾਈਆਂ ਦੀ ਉਪਲਬਧਤਾ ਨੂੰ ਵਧਾਉਣ ਲਈ ਨੌਜਵਾਨਾਂ ਨੂੰ ਆਯੁਰਵੇਦ ਖੇਤਰ ਵਿੱਚ, ਉਦਯੋਗ ਸਥਾਪਤ ਕਰਨ ਲਈ ਉਤਸ਼ਾਹਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਏ । ਅੱਜ ਨਵੀਂ ਦਿੱਲੀ ਵਿੱਚ ਆਲ ਇੰਡੀਆ ਇੰਸਟੀਚਿਊਟ ਆਫ਼ ਆਯੁਰਵੇਦ ਦੇ 8ਵੇਂ ਸਥਾਪਨਾ ਦਿਵਸ ਸਮਾਗਮ  ਦੇ ਉਦਘਾਟਨ ਮੌਕੇ ਬੋਲਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਕੁਝ ਲੋਕ, ਗੁੰਮਰਾਹਕੁੰਨ ਇਸ਼ਤਿਹਾਰਾਂ ਅਤੇ ਨਕਲੀ ਦਵਾਈਆਂ ਦਾ ਪ੍ਰਚਾਰ ਕਰਕੇ ਦੂਜਿਆਂ ਨੂੰ ਠੱਗਦੇ ਨੇ । ਰਾਸ਼ਟਰਪਤੀ ਨੇ ਕਿਹਾ ਕਿ ਦੇਸ਼ ਵਿੱਚ ਯੋਗ ਆਯੁਰਵੈਦਿਕ ਡਾਕਟਰਾਂ ਦੀ ਲੋੜ ਏ  ਤਾਂ ਜੋ ਲੋਕਾਂ ਨੂੰ ਅਯੋਗ ਡਾਕਟਰਾਂ ਦੀ ਸਲਾਹ ਨਾ ਲੈਣੀ ਪਵੇ। ਉਨ੍ਹਾਂ ਕਿਹਾ ਕਿ ਕੁਝ ਲੋਕ ਲੋਕਾਂ ਨੂੰ ਨੁਕਸਾਨ ਪਹੁੰਚਾਉਣ ਲਈ ਗੁੰਮਰਾਹਕੁੰਨ ਪ੍ਰਚਾਰ ਅਤੇ ਝੂਠੇ ਦਾਅਵੇ ਕਰਦੇ ਨੇ ।

**BYTE:**

ਅਜਿਹੇ ਲੋਕਾਂ ਖਿਲਾਫ ਸਖਤ ਕਾਰਵਾਈ ਕਰਨ ਦੀ ਲੋੜ ਏ । ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਆਯੁਰਵੈਦਿਕ ਕਾਲਜਾਂ ਵਿੱਚ

ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਏ।

**BYTE:**

ਇਸ ਮੌਕੇ 'ਤੇ, ਰਾਸ਼ਟਰਪਤੀ ਨੇ ਅਨਾਦਿ ਆਯੁਸ਼ ਪ੍ਰਦਰਸ਼ਨੀ ਅਤੇ ਆਯੁਸ਼ ਦਵਾਈ ਕੇਂਦਰ ਦਾ ਉਦਘਾਟਨ ਕੀਤਾ। ਇਹ ਪ੍ਰਦਰਸ਼ਨੀ ਕੁਦਰਤ, ਵਾਤਾਵਰਣ ਅਤੇ ਕੂੜਾ ਪ੍ਰਬੰਧਨ 'ਤੇ ਕੇਂਦਰਿਤ ਏ । ਇਸ ਪ੍ਰੋਗਰਾਮ ਵਿੱਚ ਕੇਂਦਰੀ ਆਯੁਸ਼ ਮੰਤਰੀ ਪ੍ਰਤਾਪ ਰਾਓ ਜਾਧਵ ਅਤੇ ਦਿੱਲੀ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਵੀ ਮੌਜੂਦ ਸਨ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਡਿਪਟੀ ਕਮਿਸ਼ਨਰਾਂ ਨੂੰ ਝੋਨੇ ਦੀ ਖਰੀਦ ਅਤੇ ਚੁਕਾਈ ਦੇ ਕਾਰਜਾਂ ਵਿੱਚ ਤੇਜ਼ੀ ਲਿਆਉਣ ਲਈ, ਵਿਆਪਕ ਪੱਧਰ ‘ਤੇ ਮੰਡੀਆਂ ਦਾ ਦੌਰਾ ਕਰਨ ਦੇ ਨਿਰਦੇਸ਼ ਦਿੱਤੇ ਨੇ । ਡਿਪਟੀ ਕਮਿਸ਼ਨਰਾਂ ਨਾਲ ਵਰਚੁਅਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸਾਉਣੀ ਮੰਡੀਕਰਨ ਸੀਜ਼ਨ 2024-25 ਦੌਰਾਨ ਮੰਡੀਆਂ ਵਿੱਚ ਝੋਨੇ ਦੀ ਆਮਦ ਵਿੱਚ ਕਾਫ਼ੀ ਵਾਧਾ ਹੋਇਆ

ਏ । ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਦਿੱਕਤ ਨਹੀਂ ਆਉਣੀ ਚਾਹੀਦੀ। ਉਨ੍ਹਾਂ ਨੇ ਕਿਹਾ ਕਿ ਡਿਪਟੀ ਕਮਿਸ਼ਨਰ ਨਿੱਜੀ ਤੌਰ 'ਤੇ ਅਨਾਜ ਦੀ ਨਿਰਵਿਘਨ ਅਤੇ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਅਤੇ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ । ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਖਰੀਦ ਸੀਜ਼ਨ ਦੌਰਾਨ ਕਿਸਾਨਾਂ ਦੁਆਰਾ ਮੰਡੀਆਂ ਵਿੱਚ ਲਿਆਂਦੇ ਜਾਣ ਵਾਲੇ 185 ਲੱਖ ਮੀਟਰਕ ਟਨ ਝੋਨੇ ਦੀ ਖਰੀਦ ਕੀਤੇ ਜਾਣ ਦੀ ਉਮੀਦ ਏ । ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਖਰੀਦ ਅਤੇ ਚੁਕਾਈ ਦੇ ਕਾਰਜਾਂ ਵਿੱਚ ਵਿੱਚ ਕਿਸੇ ਵੀ ਕਿਸਮ ਦੀ ਢਿੱਲ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਉਪਜ ਦੀ ਜਲਦ ਤੋਂ ਜਲਦ ਖਰੀਦ ਅਤੇ ਚੁਕਾਈ ਨੂੰ ਯਕੀਨੀ ਬਣਾਇਆ ਜਾਵੇ। ਮੁੱਖ ਮੰਤਰੀ ਨੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਝੋਨੇ ਦੀ ਫਸਲ ਦੀ ਆਮਦ, ਖਰੀਦ ਅਤੇ ਅਦਾਇਗੀ ਦੀ ਰੋਜ਼ਾਨਾ ਰਿਪੋਰਟ ਨਿੱਜੀ ਤੌਰ 'ਤੇ ਉਨ੍ਹਾਂ ਨੂੰ ਭੇਜ ਕੇ ਖਰੀਦ ਕਾਰਜਾਂ ਬਾਰੇ ਅਪਡੇਟ ਦੇਣ ਲਈ ਕਿਹਾ ।

---

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਯੂਨੀਵਰਸਿਟੀ ਫੈਕਲਟੀ ਅਤੇ ਇਸ ਦੇ ਖੋਜ ਵਿਦਵਾਨਾਂ ਲਈ, ਏ.ਸੀ.ਜੋਸ਼ੀ ਲਾਇਬ੍ਰੇਰੀ ਵਿਖੇ ਆਪਣਾ ਆਰਕਾਈਵਲ ਸੈੱਲ ਖੋਲ੍ਹਿਆ ਏ । ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ: ਰੇਣੂ ਵਿਗ ਨੇ ਯੂਨੀਵਰਸਿਟੀ ਦੀ ਏ.ਸੀ. ਜੋਸ਼ੀ ਲਾਇਬ੍ਰੇਰੀ ਵਿਖੇ ਰੀਡਿੰਗ ਹਾਲ ਅਤੇ ਬੁੱਕ-ਸਕੈਨਰ ਦਾ ਉਦਘਾਟਨ ਕੀਤਾ। ਜ਼ਿਕਰਯੋਗ ਏ ਕਿ ਲਾਇਬ੍ਰੇਰੀ ਵਿੱਚ ਲਗਭਗ 1500 ਹੱਥ-ਲਿਖਤਾਂ, 40 ਹਜ਼ਾਰ ਦੁਰਲੱਭ ਕਿਤਾਬਾਂ, 1952 ਤੋਂ ਮਹੱਤਵਪੂਰਨ ਅਖਬਾਰਾਂ ਦਾ ਸੰਗ੍ਰਹਿ , ਨਕਸ਼ੇ, ਇਤਿਹਾਸਕ ਗਜ਼ਟੀਅਰ, ਇਤਿਹਾਸਕ ਤਸਵੀਰਾਂ ਅਤੇ ਸਰਕਾਰੀ ਰਿਪੋਰਟਾਂ ਨੇ । ਪਿਛਲੇ ਸਾਲ, UGC ਦੇ ਚੇਅਰਮੈਨ ਪ੍ਰੋ. ਐਮ.ਜਗਦੇਸ਼ ਕੁਮਾਰ ਨੇ ਸੈੱਲ ਦਾ ਦੌਰਾ ਕੀਤਾ ਅਤੇ ਦੇਖਿਆ ਕਿ ਇਹਨਾਂ ਸੰਗ੍ਰਹਿ ਨੂੰ ਢੁਕਵੇਂ ਢੰਗ ਨਾਲ ਪ੍ਰਬੰਧਿਤ ਕੀਤਾ ਗਿਆ ਏ ਅਤੇ ਉਮੀਦ ਕੀਤੀ ਕਿ ਇਹਨਾਂ ਦੀ ਵਰਤੋਂ ਭਾਸ਼ਾਈ ਖੋਜ ਅਤੇ ਇਤਿਹਾਸ ਨੂੰ ਮੁੜ ਦੇਖਣ ਲਈ ਕੀਤੀ ਜਾ ਸਕਦੀ ਏ । ਆਰਕਾਈਵਲ ਸੈੱਲ ਦੇ

ਇੰਚਾਰਜ ਡਾ. ਮ੍ਰਿਤੁੰਜੇ ਕੁਮਾਰ ਨੇ ਵਾਈਸ-ਚਾਂਸਲਰ ਦਾ ਇਸ ਪ੍ਰੋਜੈਕਟ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

---------------------------------------------------------------

ਪੰਜਾਬ ਪੁਲਿਸ ਨੇ ਅੱਜ ਵੱਖ ਵੱਖ ਜ਼ਿਲਿਆਂ ਵਿਚ ਕਾਸੋ ਤਲਾਸ਼ੀ ਮੁਹਿੰਮ ਤਹਿਤ ਚਲਾਈ। ਸਮਾਜ ਵਿੱਚੋਂ ਲੁੱਟਾਂ ਖੋਹਾਂ, ਚੋਰੀ ਤੇ ਨਸ਼ਿਆਂ ਦੇ ਕਾਰੋਬਾਰ ਨੂੰ ਰੋਕਣ ਵਾਸਤੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਦਿਸ਼ਾ ਨਿਰਦੇਸ਼ਾਂ 'ਤੇ ਪੰਜਾਬ ਪੁਲਿਸ ਵੱਲੋਂ ਕਾਸੋ ਤਲਾਸ਼ੀ ਮੁਹਿੰਮ ਤਹਿਤ ਸਪੈਸ਼ਲ ਡੀ.ਜੀ.ਪੀ, ਸੀ.ਏ.ਡੀ ਗੁਰਪ੍ਰੀਤ ਕੌਰ ਦਿਓ ਦੀ ਅਗਵਾਈ ਵਿੱਚ ਲੁਧਿਆਣਾ ਦੀਆਂ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕੀਤੀ ਗਈ।ਉਨ੍ਹਾਂ ਕਿਹਾ ਕਿ ਤਲਾਸ਼ੀ ਮੁਹਿੰਮ ਦਾ ਮੰਤਵ ਲੋਕਾਂ ਦਾ ਪੁਲਿਸ ਪ੍ਰਤੀ ਭਰੋਸਾ ਵਧਾਉਣਾ ਏ। ਉਨ੍ਹਾਂ ਕਿਹਾ ਕਿ ਆਮ ਤੌਰ ਤੇ ਲੋਕਾਂ ਨੂੰ ਸ਼ਿਕਾਇਤ ਰਹਿੰਦੀ ਏ ਕਿ ਪੁਲਿਸ ਦੀ ਮੌਜੂਦਗੀ ਨਹੀ ਹੁੰਦੀ ਅਤੇ ਇੱਥੇ ਪੁਲਿਸ ਦੀ ਮੌਜੂਦਗੀ ਦੇ ਨਾਲ ਜਿਹੜਾ ਮਾੜਾ ਅਨਸਰ ਏ, ਉਸ ਤੇ ਦਬਾਅ ਪਾਉਣ ਲਈ ਇਹ ਸਰਚ ਅਭਿਆਨ ਸਮੇਂ-ਸਮੇਂ ਤੇ ਕੀਤਾ ਜਾਂਦਾ ਏ। ਏਧਰ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਪੁਲਿਸ ਕਮਿਸ਼ਨਰ

ਸਵਪਨ ਸ਼ਰਮਾ  ਨੇ ਦੱਸਿਆ ਕਿ ਇਸ ਮੁਹਿੰਮ ਵਿੱਚ 500 ਤੋਂ ਵੱਧ ਪੁਲਿਸ ਮੁਲਾਜ਼ਮਾਂ ਨੂੰ ਲਗਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਬੱਸ ਸਟੈਂਡ, ਸੰਵਦੇਸ਼ਨਸ਼ੀਲ ਥਾਵਾਂ   ਧਾਰਮਿਕ ਸਥਾਨਾਂ  ’ਤੇ  ਚੈਕਿੰਗ ਕੀਤੀ ਗਈ, ਜਿਸ ਦੌਰਾਨ ਕਈ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ ਅਤੇ ਬਰਾਮਦਗੀ ਕੀਤੀ ਗਈ।  ਸਵਪਨ ਸ਼ਰਮਾ ਨੇ ਕਿਹਾ ਕਿ ਵਿਆਪਕ ਅਪਰਾਧ ਮੈਪਿੰਗ ਰਾਹੀਂ ਬਦਨਾਮ ਅਪਰਾਧੀਆਂ ਅਤੇ ਡਰੱਗ ਡੀਲਰਾਂ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਪੜਤਾਲ ਲਈ 25 ਪ੍ਰਮੁੱਖ ਸਥਾਨਾਂ ਦੀ ਪਛਾਣ ਕੀਤੀ ਗਈ ਸੀ। ਓਧਰ ਬਠਿੰਡਾ ਪੁਲਿਸ ਵੱਲੋਂ ਜ਼ਿਲ੍ਹੇ ਭਰ ’ਚ ਰੇਲਵੇ ਸਟੇਸ਼ਨ, ਬੱਸ ਅੱਡੇ ਅਤੇ ਹੋਰ ਪ੍ਰਮੁੱਖ ਥਾਵਾਂ  ਤੋਂ ਇਲਾਵਾ ਜ਼ਿਲ੍ਹੇ ਅਧੀਨ ਪੈਂਦੀਆਂ ਵੱਖ-ਵੱਖ ਸਬ-ਡਵੀਜਨਾਂ ਵਿਚ ਕਾਸੋ ਤਲਾਸ਼ੀ ਮੁਹਿੰਮ ਚਲਾਈ ਗਈ । ਵਿਸ਼ੇਸ਼  ਡੀ.ਜੀ.ਪੀ ਜਤਿੰਦਰ ਜੈਨ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਨਸ਼ਿਆਂ ਨੂੰ ਠੱਲ੍ਹ ਪਾਉਣ ਅਤੇ ਲੁੱਟਾਂ-ਖੋਹਾਂ ਨੂੰ ਰੋਕਣ ਦੇ ਮੱਦੇਨਜ਼ਰ ਪੁਲਿਸ ਪੂਰੀ ਤਰ੍ਹਾਂ ਨਾਲ ਮੁਸਤੈਦ ਏ । ਉਨ੍ਹਾਂ ਨੇ ਕਿਹਾ ਕਿ ਜ਼ਿਲ੍ਹੇ ਅੰਦਰ ਪੁਲਿਸ ਵੱਲੋਂ ਸਖ਼ਤ ਚੌਕਸੀ ਰੱਖੀ ਜਾ ਰਹੀ ਏ । ਉਨ੍ਹਾਂ ਇਹ ਵੀ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਚਾਇਤ ਚੋਣਾਂ

ਵਿਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਜਾ ਰਹੇ ਨੇ ਅਤੇ ਚੋਣਾਂ ਪੂਰੀ ਤਰ੍ਹਾਂ ਨਿਰਪੱਖ, ਸਾਂਤਮਈ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਈਆਂ ਜਾਣਗੀਆਂ। ਐਸ.ਐਸ.ਪੀ ਅਮਨੀਤ ਕੌਂਡਲ ਨੇ ਕਿਹਾ ਕਿ ਬਠਿੰਡਾ ਜ਼ਿਲ੍ਹੇ ਨਾਲ ਲੱਗਦੇ ਸਰਹੱਦੀ ਇਲਾਕੇ ’ਤੇ ਪੁਲਿਸ ਵੱਲੋਂ ਲਗਾਤਾਰ ਚੌਕਸੀ ਰੱਖੀ ਜਾ ਰਹੀ ਏ ਤਾਂ ਜੋ ਕਿਸੇ ਵੀ ਮਾੜੇ ਅਨਸਰ ਸੂਬੇ ਵਿਚ ਦਾਖਲ ਨਾ ਹੋ ਸਕਣ । ਜ਼ਿਲਾ ਫਾਜ਼ਿਲਕਾ ਦੇ ਆਈ.ਜੀ ਪਰਮਰਾਜ ਸਿੰਘ ਉਮਰਾ ਨੰਗਲ ਨੇ ਆਖਿਆ ਕਿ ਤਿਓਹਾਰਾਂ ਅਤੇ ਪੰਚਾਇਤੀ ਚੋਣਾਂ ਦੇ ਮੱਦੇਨਜਰ ਪੁਲਿਸ ਪੂਰੀ ਤਰਾਂ ਨਾਲ ਮੁਸਤੈਦ ਏ । ਉਨ੍ਹਾਂ ਨੇ ਕਿਹਾ ਕਿ ਤਿਓਹਾਰਾਂ ਕਾਰਨ ਪੁਲਿਸ ਵੱਲੋਂ ਸਖ਼ਤ ਚੌਕਸੀ ਰੱਖੀ ਜਾ ਰਹੀ ਏ । ਉਨ੍ਹਾਂ ਨੇ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੰਚਾਇਤ ਚੋਣਾਂ ਵਿਚ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਚੋਣਾਂ ਪੂਰੀ ਤਰਾਂ ਨਿਰਪੱਖ ਅਤੇ ਸਾਂਤਮਈ ਤਰੀਕੇ ਨਾਲ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਸ ਤਲਾਸ਼ੀ ਮੁਹਿੰਮ ਦੌਰਾਨ ਜਿੱਥੇ ਅਨੇਕਾਂ ਦੋਸ਼ੀ ਫੜੇ ਜਾਂਦੇ ਹਨ, ਉਥੇ ਹੀ ਇਸ ਤਰਾਂ ਦੇ ਓਪਰੇਸ਼ਨ ਨਾਲ ਮਾੜੇ ਅਨਸਰਾਂ ਵਿਚ ਕਾਨੂੰਨ ਦਾ ਡਰ ਵੱਧਦਾ ਏ ਅਤੇ ਆਮ ਲੋਕਾਂ ਦਾ ਪੁਲਿਸ ਤੇ ਵਿਸਵਾਸ਼

ਵੱਧਦਾ ਏ । ਫਤਹਿਗੜ੍ਹ ਸਾਹਿਬ ਡੀ.ਆਈ.ਜੀ. ਇਲਨ-ਚੇਲੀਅਨ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ 400 ਤੋਂ ਵੱਧ ਵਾਹਨਾਂ ਦੀ ਚੈਕਿੰਗ ਕੀਤੀ ਗਈ ਅਤੇ 121 ਵਾਹਨਾਂ ਦੇ ਚਲਾਨ ਕੀਤੇ ਤੇ 18 ਵਾਹਨ ਜ਼ਬਤ ਕੀਤੇ ਗਏ। ਪੁਲਿਸ ਨੇ 220 ਸ਼ੱਕੀ ਬੰਦਿਆਂ ਦੀ ਜਾਂਚ ਕੀਤੀ ਏ ।

---------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਜ਼ਿਲੇ ਵਿੱਚ ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਕਰਨ ਵਾਲੇ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ 5 ਕਿਲੋ ਹੈਰੋਇਨ ਅਤੇ 3 ਲਖ 95 ਹਜ਼ਾਰ ਰੁਪਏ ਦੀ ਡਰੱਗ ਮਨੀ ਸਮੇਤ ਤਿੰਨ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਪੰਜਾਬ ਦੇ DGP ਪੰਜਾਬ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਪਿੰਡ ਰੋੜਾਂਵਾਲੀ ਦੇ ਗੁਰਪ੍ਰੀਤ ਸਿੰਘ ਤੇ ਹਰਪ੍ਰੀਤ ਸਿੰਘ ਉਰਫ਼ ਹੈਪੀ ਅਤੇ ਪਿੰਡ ਚੜਤੇਵਾਲੀ ਦੇ ਜੋਤਾ ਸਿੰਘ ਵਜੋਂ ਹੋਈ ਏ । ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਜੋਤਾ ਸਿੰਘ ਅਤੇ ਹਰਪ੍ਰੀਤ ਸਿੰਘ ਉਰਫ਼ ਹੈਪੀ ਪਾਕਿਸਤਾਨ ਅਧਾਰਿਤ ਨਸ਼ਾ ਤਸਕਰਾਂ, ਜੋ ਸਰਹੱਦ ਪਾਰੋਂ ਡਰੋਨ ਜ਼ਰੀਏ ਨਸ਼ਿਆਂ ਦੀ

ਸਪਲਾਈ ਕਰਦੇ ਹਨ, ਦੇ ਸਿੱਧੇ ਸੰਪਰਕ ਵਿੱਚ ਹਨ। ਪੁਲਿਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਥਾਣਾ ਛੇਹਰਟਾ ਦੀਆਂ ਟੀਮਾਂ ਨੂੰ ਭਰੋਸੇਯੋਗ ਸੂਚਨਾ ਮਿਲੀ ਸੀ ਕਿ ਕੁਝ ਵਿਅਕਤੀਆਂ ਨੇ ਸਰਹੱਦ ਪਾਰੋਂ ਡਰੋਨ ਰਾਹੀਂ ਸੁੱਟੀ ਗਈ ਨਸ਼ੀਲੇ ਪਦਾਰਥਾਂ ਦੀ ਵੱਡੀ ਖੇਪ ਪ੍ਰਾਪਤ ਕੀਤੀ ਏ । ਉਨ੍ਹਾਂ ਦੱਸਿਆ ਕਿ ਹੈਰੋਇਨ ਅਤੇ ਡਰੱਗ ਮਨੀ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਉਨ੍ਹਾਂ ਦੀ ਕਾਰ ਅਤੇ ਮੋਟਰਸਾਈਕਲ ਵੀ ਜ਼ਬਤ ਕੀਤਾ ਏ । ਇਸ ਸਬੰਧੀ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਅਧੀਨ ਮਾਮਲਾ ਦਰਜ ਕੀਤਾ ਗਿਆ ਏ ।

---------------------------------------------------

ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਕਿਹਾ ਕਿ ਲੋਕਾਂ ਦੇ ਕੰਮ ਬਿਨਾਂ ਕਿਸੇ ਖੱਜਲ ਖੁਆਰੀ ਅਤੇ ਦੇਰੀ ਦੇ ਸਮਾਂਬੱਧ ਮੁਹੱਈਆ ਕਰਵਾਈਆਂ ਜਾਣ ਅਤੇ ਯੋਜਨਾਬੱਧ ਤਰੀਕੇ ਨਾਲ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਉਸਾਰਿਆ ਜਾਵੇ । ਅੱਜ ਐਸ.ਏ.ਐਸ. ਨਗਰ ਵਿਖੇ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਦਿੰਦਿਆਂ

ਉਨ੍ਹਾਂ ਨੇ ਕਿਹਾ ਕਿ  ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਭ੍ਰਿਸ਼ਟਾਚਾਰ ਮੁਕਤ ਬਿਹਤਰ ਨਾਗਰਿਕ ਸੇਵਾਵਾਂ ਦੇਣਾ ਪ੍ਰਮੁੱਖ ਪਹਿਲ ਏ। ਸਕੱਤਰ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਰਾਹੁਲ ਤਿਵਾੜੀ ਵੱਲੋਂ ਕੈਬਨਿਟ ਮੰਤਰੀ ਸ੍ਰੀ ਮੁੰਡੀਆ ਨੂੰ ਜਾਣੂੰ ਕਰਵਾਇਆ ਗਿਆ ਕਿ ਵਿਭਾਗ ਵੱਲੋਂ ਜਾਇਦਾਦ ਦੀ ਆਕਸ਼ਨ ਰਾਹੀਂ 3000 ਕਰੋੜ ਰੁਪਏ ਮਾਲੀਆ ਜੁਟਾਇਆ ਗਿਆ ਅਤੇ ਆਉਂਦੇ ਸਮੇਂ ਵਿੱਚ 1500 ਕਰੋੜ ਰੁਪਏ ਹੋਰ ਕਮਾਉਣ ਦਾ ਟੀਚਾ ਏ। ਉਨ੍ਹਾਂ  ਕਿਹਾ ਕਿ  ਸਿਟੀਜਨ ਸਰਵਿਸ ਪੋਰਟਲ ਅਧੀਨ ਲੋਕਾਂ ਦੀ ਸਹੂਲਤ ਲਈ ਮੌਜੂਦਾ ਸਮੇਂ ਜੋ ਵੀ ਸੇਵਾਵਾਂ ਆਨਲਾਈਨ ਦਿੱਤੀਆਂ ਜਾ ਰਹੀਆਂ ਹਨ, ਉਨ੍ਹਾਂ ਦਾ ਸਮਾਂਬੱਧ ਤਰੀਕੇ ਨਾਲ ਨਿਪਟਾਰਾ ਕੀਤਾ ਜਾਵੇ। ਜੇਕਰ ਕਿਸੇ ਕੇਸ ਵਿੱਚ ਕੋਈ ਇਤਰਾਜ਼ ਏ ਤਾਂ ਇੱਕ ਵਾਰ ਹੀ ਅਲਾਟੀ ਨੂੰ ਸੂਚਿਤ ਕੀਤਾ ਜਾਵੇ ਅਤੇ ਬਾਰ-ਬਾਰ ਇਤਰਾਜ਼ ਨਾ ਲਗਾ ਕੇ ਖੱਜਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਵਿਭਾਗ ਦੇ ਜਨਤਕ ਕੰਮਾਂ ਲਈ ਹਰ ਮਹੀਨੇ ਕੰਮਾਂ ਦੀ ਕਲੀਅਰੈਂਸ ਲਈ ਕੈਂਪ ਲਗਾਏ ਜਾਣ।

------------------------------------------------------------

ਜ਼ਿਲਾ ਫਤਹਿਗੜ੍ਹ ਸਾਹਿਬ ਵਿਚ ਸਫਾਈ ਸੇਵਕ ਜਥੇਬੰਦੀ ਨੇ ਮੰਗਾਂ ਨਾ ਮੰਨੇ ਜਾਣ ਦੇ ਵਿਰੋਧ ਵਿੱਚ ਸਰਹਿੰਦ ਨਗਰ ਕੌਂਸਲ ਦਫਤਰ ਦੇ ਬਾਹਰ, ਪੰਜਾਬ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕੀਤਾ। ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਕੰਮ ਕਰ ਰਹੇ ਮੁਲਾਜ਼ਮਾਂ ਨੂੰ ਅੱਜ ਤੱਕ ਪੰਜਾਬ ਸਰਕਾਰ ਨੇ ਪੱਕਾ ਨਹੀਂ ਕੀਤਾ ਅਤੇ ਹੋਰ ਕਈ ਮੰਗਾਂ ਨਾ ਮੰਨੇ ਜਾਣ ਦੇ ਵਿਰੋਧ ਵਿੱਚ ਜਥੇਬੰਦੀ ਦੇ ਸੱਦੇ ਤੇ ਰੋਸ ਪ੍ਰਦਰਸ਼ਨ ਕੀਤਾ ਗਿਆ ਏ । ਉਹਨਾਂ ਕਿਹਾ ਕਿ ਸਰਕਾਰ ਵਲੋਂ ਮੰਗਾਂ ਵੱਲ ਧਿਆਨ ਨਾ ਦੇਣ ਦੀ ਸੂਰਤ ਵਿਚ ਆਉਣ ਵਾਲੇ ਸਮੇਂ ਵਿੱਚ ਹੋਰ ਸੰਘਰਸ਼ ਕੀਤਾ ਜਾਵੇਗਾ ।

------------------------------------------------------------

ਐੱਸ.ਬੀ.ਆਈ ਪੇਂਡੂ ਸਵੈ-ਰੁਜਗਾਰ ਸਿਖਲਾਈ ਸੰਸਥਾ ਵੱਲੋਂ ਬਠਿੰਡਾ ਦੇ ਪਿੰਡ ਬਾਲਿਆਂਵਾਲੀ ਤੇ ਬਾਜਕ ਵਿਖੇ “ਸੱਵਛਤਾ ਹੀ ਸੇਵਾ”ਮੁਹਿੰਮ ਅਧੀਨ ਰੈਲੀ ਕੱਢੀ ਗਈ ।ਬੈਂਕ ਪ੍ਰੰਬਧਕ ਵਿਵੇਕ ਕੁਮਾਰ ਨੇ ਸਿਖਿਆਰਥੀਆਂ ਨੂੰ ਆਪਣਾ ਆਲਾ-ਦੁਆਲਾ ਸਾਫ ਰੱਖਣ ਲਈ ਕਿਹਾ ।

ਇਸ ਮੌਕੇ ਉਨ੍ਹਾਂ ਸਿਖਿਆਰਥੀਆਂ ਨੂੰ ਬੈਂਕ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਕਰਜਾ ਯੋਜਨਾਵਾਂ ਨਾਲ ਜੁੜਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਾਤਾਵਰਣ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਦੇ ਮੱਦੇਨਜ਼ਰ ਪਿੰਡ ਬਾਜਕ ਦੇ ਪਾਰਕ ਅਤੇ ਪਿੰਡ ਬਾਲਿਆਂਵਾਲੀ ਦੇ ਸਰਕਾਰੀ ਪ੍ਰਇਮਰੀ ਸਮਾਰਟ ਸਕੂਲ ’ਚ ਸਿਖਿਆਰਥਣਾਂ ਵੱਲੋਂ ਛਾਂਦਾਰ ਤੇ ਫਲਦਾਰ ਬੂਟੇ ਵੀ ਲਗਾਏ। ਪ੍ਰਿੰਸੀਪਲ ਤਰਸੇਮ ਸਿੰਘ ਵੱਲੋ ਸਿਖਿਆਰਥੀਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਤੇ ਆਪਣੇ ਆਸ-ਪਾਸ ਦੇ ਵਾਤਾਵਰਣ ਨੂੰ ਹਰਿਆ-ਭਰਿਆਂ ਬਣਾਉਣ ਲਈ ਪ੍ਰੇਰਿਤ ਕੀਤਾ।

---------------------------------------------------------------------

ਪੰਜਾਬ ਵਿਚ ਲਗਾਤਾਰ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਇਸ ਦੇ ਮੁਕੰਮਲ ਨਿਪਟਾਰੇ ਲਈ ਕਿਸਾਨ ਜਾਗਰੂਕਤਾ ਗਤੀਵਿਧੀਆਂ ਜਾਰੀ ਨੇ। ਇਸੇ ਤਹਿਤ ਬਠਿੰਡਾ ਜ਼ਿਲ੍ਹੇ ਦੇ ਪਿੰਡ ਹਰਰਾਏਪੁਰ ਤੇ ਪੀਰਕੋਟ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦੌਰਾਨ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਖੇਤੀ ਮਸ਼ੀਨਰੀ ਦੀ ਸਹੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਵੱਖ-ਵੱਖ ਖੇਤੀ ਮਾਹਰਾਂ ਨੇ ਦੱਸਿਆ ਕਿ

ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਏ  ਅਤੇ ਪਰਾਲੀ ਦੀ ਸਾਂਭ-ਸੰਭਾਲ ਨਾਲ ਮੌਸਮ ਤੇ ਮਾੜੇ ਪਾਣੀ ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਲਗਾਤਾਰ 3-4 ਸਾਲ ਪਰਾਲੀ ਨੂੰ ਖੇਤ ਵਿੱਚ ਦਬਾਉਣ ਨਾਲ ਜਮੀਨ ਵਿਚਲੀ ਮੱਲੜ ਦੀ ਮਾਤਰਾ ਵੱਧ ਜਾਂਦੀ ਏ। ਅਗਾਂਹਵਧੂ ਕਿਸਾਨਾਂ ਨੇ ਆਪੋ-ਆਪਣੇ ਤਜ਼ਰਬੇ ਵੀ ਸਾਂਝੇ ਕਰਦਿਆਂ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦੀ ਸੁਚੱਜੀ ਵਰਤੋਂ ਤੇ ਸਾਂਭ-ਸੰਭਾਲ ਲਈ ਪ੍ਰੇਰਿਤ ਕੀਤਾ। ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਵੱਖ-ਵੱਖ ਪਿੰਡਾਂ ਵਿੱਚ ਤਾਇਨਾਤ ਕਲਸਟਰ ਅਫਸਰਾਂ ਅਤੇ ਨੋਡਲ ਅਫਸਰਾਂ ਨਾਲ ਬੈਠਕ ਕੀਤੀ । ਉਨ੍ਹਾਂ ਨੇ ਹਦਾਇਤ ਕੀਤੀ ਕਿ ਪਿੰਡਾਂ ਵਿੱਚ ਰਹਿੰਦੇ ਹੋਏ ਲਗਾਤਾਰ ਕਿਸਾਨਾਂ ਨਾਲ ਰਾਬਤਾ ਰੱਖਿਆ ਜਾਵੇ ਅਤੇ ਉਹਨਾਂ ਨੂੰ ਪਰਾਲੀ ਨਾ ਸਾੜਨ ਅਤੇ ਗਿੱਲੀ ਫਸਲ ਦੀ ਕਟਾਈ ਨਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਉਨਾਂ ਨੇ ਕਿਹਾ ਕਿ ਪਿੰਡਾਂ ਵਿੱਚ ਉਪਲਬਧ ਪਰਾਲੀ ਪ੍ਰਬੰਧਨ ਵਾਲੀਆਂ ਮਸ਼ੀਨਾਂ ਦੀਆਂ ਸੂਚੀਆਂ ਵੀ ਪਿੰਡਾਂ ਵਿੱਚ ਲਗਾਈਆਂ ਗਈਆਂ ਨੇ ਅਤੇ ਇਹ

ਸੂਚੀਆਂ ਨੋਡਲ ਅਫਸਰਾਂ ਨੂੰ ਵੀ ਦਿੱਤੀਆਂ ਜਾਣਗੀਆਂ ਤਾਂ ਜੋ ਉਹ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਮਸ਼ੀਨਾਂ ਦੀ ਉਪਲਬਧਤਾ ਕਰਵਾਉਣ ਵਿੱਚ ਸਹਿਯੋਗ ਕਰ ਸਕਣ। ਉਧਰ ਮਾਲੇਰਕੋਟਲਾ ਵਿਚ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਰੋਕਣ ਲਈ ਅੱਜ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ, ਉਪ ਕਪਤਾਨ ਪੁਲਿਸ ਦਵਿੰਦਰ ਸਿੰਘ ਨੂੰ ਨਾਲ ਲੈ ਕੇ ਅਮਰਗੜ੍ਹ ਸਬ ਡਵੀਜ਼ਨ ਦੇ ਉਨ੍ਹਾਂ ਪਿੰਡਾਂ ਦਾ ਦੌਰਾ ਕੀਤਾ ਜਿਨ੍ਹਾਂ ਪਿੰਡਾਂ ਵਿੱਚ ਪਿਛਲੇ ਸਾਲ ਅੱਗ ਲਗਾਉਣ ਦੀਆਂ ਘਟਨਾਵਾਂ ਸੈਟਲਾਈਟ 'ਤੇ ਦਰਜ ਹੋਇਆ ਸਨ। ਉਨ੍ਹਾਂ ਕਿਸਾਨਾਂ ਅਤੇ ਪਿੰਡ ਵਾਸੀਆਂ ਨੂੰ ਪਰਾਲੀ ਨੂੰ ਅੱਗ ਲਾਏ ਜਾਣ ਕਾਰਨ ਕਿਸਾਨਾਂ ਅਤੇ ਧਰਤੀ ਸਮੇਤ ਪੌਣ-ਪਾਣੀ ਤੇ ਵਾਤਾਵਰਣ ਨੂੰ ਹੋ ਰਹੇ ਨੁਕਸਾਨ ਬਾਰੇ ਜਾਣੂ ਕਰਵਾਇਆ।

---------------------------------------------------------------

ਓਧਰ ਮਾਲੇਰਕੋਟਲਾ ਵਿਚ ਪਰਾਲੀ ਸਾੜਨ ਤੋਂ ਗੁਰੇਜ਼ ਕਰਕੇ ਬਹੁਮੱਲੇ ਕੁਦਰਤੀ ਸੋਮਿਆਂ ਦੀ ਸਾਂਭ ਸੰਭਾਲ ਵਿੱਚ ਯੋਗਦਾਨ ਪਾਉਣ ਵਾਲੇ 100 ਅਗਾਂਹਵਧੂ ਕਿਸਾਨਾਂ ਨੂੰ ਵਧੀਕ ਡਿਪਟੀ ਕਮਿਸ਼ਨਰ

ਸੁਖਪ੍ਰੀਤ ਸਿੰਘ ਸਿੱਧੂ ਨੇ ਜ਼ਿਲ੍ਹਾ ਪ੍ਰਸਾਸ਼ਨ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਆਯੋਜਿਤ ਸਮਾਗਮ ਦੌਰਾਨ ਸਨਮਾਨਿਤ ਕੀਤਾ । ਇਸ ਮੌਕੇ ਉਨ੍ਹਾਂ ਕਿਹਾ ਕਿ ਵਤਾਵਰਣ ਦੀ ਸ਼ੁੱਧਤਾ ਲਈ ਪਰਾਲੀ ਨੂੰ ਬਿਨਾਂ ਅੱਗ ਲਗਾਏ ਯੋਗ ਨਿਪਟਾਰਾ ਕਰਨ ਵਾਲੇ ਕਿਸਾਨ ਜ਼ਿਲ੍ਹੇ ਦੇ ਦੂਜੇ ਕਿਸਾਨਾਂ ਲਈ ਚਾਨਣ ਦੇ ਮੁਨਾਰੇ ਦਾ ਕੰਮ ਕਰਨਗੇ । ਵਧੀਕ ਡਿਪਟੀ ਕਮਿਸ਼ਨਰ  ਨੇ ਸਨਮਾਨ ਪ੍ਰਾਪਤ ਕਰਨ ਵਾਲੇ ਕਿਸਾਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਿਸਾਨਾਂ ਦੇ ਸਹਿਯੋਗ ਨਾਲ ਸਾਲ 2023 ਵਿੱਚ ਸਾਲ 2022 ਦੇ ਮੁਕਾਬਲੇ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ 39 ਫੀਸਦੀ ਗਿਰਾਵਟ ਆਈ ਸੀ । ਉਨ੍ਹਾਂ ਹੋਰ ਕਿਹਾ ਕਿ ਖੇਤਾਂ 'ਚ ਪਰਾਲੀ ਨੂੰ ਅੱਗ ਲਾਉਣ ਨੂੰ ਸਖ਼ਤੀ ਨਾਲ ਨਜਿੱਠਿਆ ਜਾਵੇਗਾ।

---------------------------------------------------------------

ਔਰਤਾਂ ਦੇ ਆਈ.ਸੀ.ਸੀ ਟੀ-20 ਵਿਸ਼ਵ ਕੱਪ ਦੇ ਗਰੁੱਪ -A ਵਿੱਚ, ਆਪਣੇ ਤੀਜੇ ਮੈਚ 'ਚ ਭਾਰਤ ਦਾ ਮੁਕਬਲਾ ਸ਼੍ਰੀਲੰਕਾ ਨਾਲ

ਹੋਵੇਗਾ ।ਇਹ ਮੈਚ ਭਾਰਤੀ ਸਮੇਂ ਅਨੁਸਾਰ ਹੁਣ ਤੋਂ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

---------------------------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਕਲੀ ਦਵਾਈਆਂ ਅਤੇ ਗੁੰਮਰਾਹਕੁੰਨ ਇਸ਼ਤਿਹਾਰਾਂ ਦਾ ਪ੍ਰਚਾਰ ਕਰਨ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕਰਨ ਦਾ ਸੱਦਾ ਦਿੱਤਾ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਝੋਨੇ ਦੀ ਨਿਰਵਿਘਨ ਖ਼ਰੀਦ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰਾਂ ਨੂੰ ਮੰਡੀਆਂ ਦਾ ਨਿਰੰਤਰ ਦੌਰਾ ਕਰਨ ਦੇ ਨਿਰਦੇਸ਼ ਦਿੱਤੇ ।
- ਪੰਜਾਬ ਪੁਲਿਸ ਵਲੋਂ ਵੱਖ-ਵੱਖ ਜ਼ਿਲਿਆਂ ਵਿਚ ਕਾਸੋ ਤਲਾਸ਼ੀ ਮੁਹਿੰਮ ਚਲਾਈ ਗਈ ।
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ 3 ਨਸ਼ਾ ਤਸਕਰਾਂ ਨੂੰ 5 ਕਿਲੋ ਹੈਰੋਇਨ ਅਤੇ ਡਰੱਗ ਮਨੀ ਸਮੇਤ ਕਾਬੂ ਕੀਤਾ ।